ਬਸੰਤੁ ਮਹਲਾ ੩ ॥ ਬਨਸਪਤਿ ਮਉਲੀ ਚੜਿਆ ਬਸੰਤੁ ॥ ਇਹੁ ਮਨੁ ਮਉਲਿਆ ਸਤਿਗੁਰੂ ਸੰਗਿ ॥੧॥ ਤੁਮ੍ ਸਾਚੁ ਧਿਆਵਹੁ ਮੁਗਧ ਮਨਾ ॥ ਤਾਂ ਸੁਖੁ ਪਾਵਹੁ ਮੇਰੇ ਮਨਾ ॥ ੧॥ ਰਹਾਉ ॥ ਇਤੁ ਮਨਿ ਮਉਲਿਐ ਭਇਆ ਅਨੰਦੁ ॥ ਅੰਮ੍ਰਿਤ ਫਲੁ ਪਾਇਆ ਨਾਮੁ ਗੋਬਿੰਦ ॥ ੨॥ ਏਕੋ ਏਕੁ ਸਭੁ ਆਖਿ ਵਖਾਣੈ ॥ ਹੁਕਮੁ ਬੂਝੈ ਤਾਂ ਏਕੋ ਜਾ ਣੈ ॥੩॥ ਕਹਤ ਨਾਨਕੁ ਹਉਮੈ ਕਹੈ ਨ ਕੋਇ ॥ ਆਖਣੁ ਵੇਖਣੁ ਸਭੁ ਸਾਹਿਬ ਤੇ ਹੋਇ ॥੪॥੨॥੧੪॥ {ਪੰਨਾ 1176}

ਪਦਅਰਥ:- ਬਨਸਪਤਿ—ਰੁੱਖ ਬਿਰਖ ਘਾਹ ਬੂਟ ਆਦਿਕ, ਧਰਤੀ ਵਿਚੋਂ ਉੱਗੀ, ਉਤਭੁਜ। ਮਉਲੀ—ਹਰੀ-ਭਰੀ ਹੋ ਜਾਂਦੀ ਹੈ, ਖਿੜ ਪੈਂਦੀ ਹੈ। ਮਉਲਿਆ—ਖਿੜ ਪੈਂਦਾ ਹੈ, ਹਰਾ-ਭਰਾ ਹੋ ਜਾਂਦਾ ਹੈ, ਆਤਮਕ ਜੀਵਨ ਵਾਲਾ ਹੋ ਜਾਂਦਾ ਹੈ। ਸੰਗਿ—ਨਾਲ।1।

ਸਾਚੁ—ਸਦਾ-ਥਿਰ ਹਰਿ-ਨਾਮ। ਮੁਗਧ ਮਨਾ—ਹੇ ਮੂਰਖ ਮਨ! ਸੁਖੁ—ਆਤਮਕ ਅਨੰਦ।1। ਰਹਾਉ।

ਇਤੁ—ਇਸ ਦੀ ਰਾਹੀਂ। ਇਤੁ ਮਨਿ—ਇਸ ਮਨ ਦੀ ਰਾਹੀਂ। ਇਤੁ ਮਨਿ ਮਉਲਿਐ—ਜੇ ਇਹ ਮਨ ਆਤਮਕ ਜੀਵਨ ਵਾਲਾ ਹੋ ਜਾਏ। ਅੰਮ੍ਰਿਤ ਫਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਫਲ। ਨਾਮੁ ਗੋਬਿੰਦ—ਗੋਬਿੰਦ ਦਾ ਨਾਮ।2।

ਸਭੁ—ਹਰੇਕ ਜੀਵ। ਆਖਿ—ਆਖ ਕੇ। ਵਖਾਣੈ—ਦੱਸਦਾ ਹੈ। ਏਕੋ ਏਕੁ—ਪਰਮਾਤਮਾ ਇਕ ਆਪ ਹੀ ਆਪ ਹੈ। ਏਕੋ ਜਾਣੈ—ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ।3।

ਕਹਤ ਨਾਨਕੁ—ਨਾਨਕ ਆਖਦਾ ਹੈ। ਸਾਹਿਬ ਤੇ—ਮਾਲਕ-ਪ੍ਰਭੂ ਤੋਂ, ਮਾਲਕ ਦੀ ਪ੍ਰੇਰਨਾ ਨਾਲ।4।

ਅਰਥ:- ਹੇ (ਮੇਰੇ) ਮੂਰਖ ਮਨ! ਤੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਿਆ ਕਰ। ਤਦੋਂ ਹੀ, ਹੇ ਮੇਰੇ ਮਨ! ਤੂੰ ਆਨੰਦ ਮਾਣ ਸਕੇਂਗਾ।1। ਰਹਾਉ।

ਹੇ ਭਾਈ! (ਜਿਵੇਂ ਜਦੋਂ) ਬਸੰਤ ਚੜ੍ਹਦਾ ਹੈ ਤਾਂ ਸਾਰੀ ਬਨਸਪਤੀ ਹਰੀ-ਭਰੀ ਹੋ ਜਾਂਦੀ ਹੈ, (ਤਿਵੇਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਇਹ ਮਨ (ਆਤਮਕ ਜੀਵਨ ਨਾਲ) ਹਰਾ-ਭਰਾ ਹੋ ਜਾਂਦਾ ਹੈ।1।

ਹੇ ਭਾਈ! (ਜਿਸ ਮਨੁੱਖ ਨੇ ਗੁਰੂ ਦੀ ਸੰਗਤਿ ਵਿਚ) ਗੋਬਿੰਦ ਦਾ ਨਾਮ ਹਾਸਲ ਕਰ ਲਿਆ, ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰ ਲਿਆ, ਉਸ ਦਾ ਇਹ ਮਨ ਖਿੜ ਪੈਣ ਨਾਲ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਗਿਆ ਹੈ।2।

ਹੇ ਭਾਈ! ਉਂਞ ਤਾਂ ਹਰੇਕ ਮਨੁੱਖ ਆਖ ਕੇ ਦੱਸਦਾ ਹੈ ਕਿ (ਸਭ ਥਾਈਂ) ਪਰਮਾਤਮਾ ਆਪ ਹੀ ਆਪ ਹੈ, ਪਰ ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ, ਤਦੋਂ ਹੀ ਉਸ ਨਾਲ ਡੂੰਘੀ ਸਾਂਝ ਪਾਂਦਾ ਹੈ।3।

ਹੇ ਭਾਈ! ਨਾਨਕ ਆਖਦਾ ਹੈ—(ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਤਦੋਂ) ਮਨੁੱਖ 'ਮੈਂ, ਮੈਂ' ਨਹੀਂ ਕਰਦਾ (ਤਦੋਂ ਉਸ ਨੂੰ ਇਹ ਸਮਝ ਪੈ ਜਾਂਦੀ ਹੈ ਕਿ) ਜੀਵ ਉਹੀ ਕੁਝ ਆਖਦਾ ਵੇਖਦਾ ਹੈ ਜੋ ਮਾਲਕ ਵਲੋਂ ਪ੍ਰੇਰਨਾ ਹੁੰਦੀ ਹੈ।4।14।